## ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

**ਰੇਡੀਓ**



ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **29 ਅਕਤੂਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਦਵਿੰਦਰ ਸਿੰਘ ਅਤੇ 30 ਅਕਤੂਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਜਬਰਤੋੜ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

**ਪੀ. ਟੀ. ਸੀ.**

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ **29 ਅਕਤੂਬਰ** ਨੂੰ ਸ਼ਾਮ 5.00 ਤੋਂ 7.00 ਵਜੇ ਤੱਕ **ਭਾਈ ਦਵਿੰਦਰ ਸਿੰਘ**, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਗੁਰਸੇਵਕ ਸਿੰਘ** ਤੇ **30 ਅਕਤੂਬਰ** ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ **ਭਾਈ ਜਬਰਤੋੜ ਸਿੰਘ ਤੇ ਭਾਈ ਗੁਰਜਿੰਦਰ ਸਿੰਘ** ਕੀਰਤਨ ਕਰਨਗੇ।

**ਐਸ. ਜੀ. ਪੀ. ਸੀ. ਵੈੱਬ ਚੈਨਲ** 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

**ਮੁੱਖ ਵਾਕ ਦੀ ਕਥਾ :** 29 ਅਕਤੂਬਰ ਨੂੰ ਗਿਆਨੀ ਰਣਜੀਤ ਸਿੰਘ ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਅਤੇ 30 ਅਕਤੂਬਰ ਨੂੰ ਬਾਬਾ ਬੰਤਾ ਸਿੰਘ ਮੁੰਡਾਪਿੰਡ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

# ਮਨੋਹਰਪੁਰ ਤੋਂ ਮਸਾਣੀਆਂ ਤੱਕ ਸੰਪਰਕ ਸੜਕ ਦੇ ਨਵੀਨੀਕਰਨ ਦਾ ਵਿਧਾਇਕ ਕਲਸੀ ਨੇ ਨੀਂਹ ਪੱਥਰ ਰੱਖਿਆ

ਵਡਾਲਾ ਗ੍ਰੰਥੀਆਂ, 28 ਅਕਤੂਬਰ (ਗੁਰਪ੍ਰਤਾਪ ਸਿੰਘ ਕਾਹਲੋਂ)-ਬਟਾਲਾ ਵਿਧਾਨ ਸਭਾ ਹਲਕੇ ਦੇ ਪਿੰਡਾਂ ਵਿਚ ਵਿਕਾਸ ਯੋਜਨਾਵਾਂ ਨੂੰ ਤੇਜ਼ ਰਫ਼ਤਾਰ ਨਾਲ ਅੱਗੇ ਵਧਾਉਂਦੇ ਹੋਏ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਸ਼ੈਰੀ ਕਲਸੀ ਨੇ ਪਿੰਡ ਮਨੋਹਰਪੁਰ ਤੋਂ ਮਸਾਣੀਆਂ ਤੱਕ ਦੀ ਲਿੰਕ ਸੜਕ ਦੇ ਨਵੀਨੀਕਰਨ ਕੰਮ ਦੀ ਸ਼ੁਰੂਆਤ ਕੀਤੀ। ਇਸ ਮੌਕੇ ਉਨ੍ਹਾਂ ਨਾਲ ਪਿੰਡ ਵਾਸੀ ਵੱਡੀ ਗਿਣਤੀ 'ਚ ਮੌਜੂਦ ਸੀ। ਇਸ ਮੌਕੇ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਦੇ ਹਰ ਕੋਨੇ ਤੱਕ ਵਿਕਾਸ ਪਹੁੰਚਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਬਟਾਲਾ ਹਲਕੇ 'ਚ ਕਰੋੜਾਂ ਰੁਪਏ ਦੀ ਲਾਗਤ ਨਾਲ ਲਿੰਕ ਸੜਕਾਂ, ਨਿਕਾਸੀ ਪ੍ਰਣਾਲੀ, ਖੇਡ ਸਟੇਡੀਅਮ ਤੇ ਡੇਰਿਆਂ ਦੇ ਰਸਤੇ ਪੱਕੇ ਕਰਨ ਵਰਗੇ ਪ੍ਰੋਜੈਕਟ ਜਾਰੀ ਹਨ। ਉਨ੍ਹਾਂ ਦੱਸਿਆ ਕਿ ਹਲਕੇ ਦੇ ਹਰ ਪਿੰਡ ਵਿਚ ਬਿਨ੍ਹਾਂ ਕਿਸੇ ਪੱਖਪਾਤ ਤੋਂ ਪਾਰਦਰਸ਼ੀ ਢੰਗ ਨਾਲ ਵਿਕਾਸ ਕੰਮ ਕਰਵਾਏ ਜਾ ਰਹੇ ਹਨ, ਤਾਂ ਜੋ ਲੋਕਾਂ ਤੱਕ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਲਾਭ ਸਮੇਂ ਸਿਰ ਪਹੁੰਚ ਸਕੇ। ਵਿਧਾਇਕ ਕਲਸੀ ਨੇ ਕਿਹਾ ਕਿ ਹਲਕੇ ਦਾ ਸਰਬਪੱਖੀ ਵਿਕਾਸ ਉਨ੍ਹਾਂ ਦੀ ਪਹਿਲੀ ਤਰਜੀਹ ਹੈ। ਨਵੀਆਂ ਚੁਣੀਆਂ ਪੰਚਾਇਤਾਂ ਰਾਹੀਂ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਦਾ ਹੱਲ ਤੇਜ਼ੀ ਨਾਲ ਕੀਤਾ ਜਾ ਰਿਹਾ ਹੈ, ਤਾਂ ਜੋ ਹਰ ਪਿੰਡ ਮਾਡਲ ਵਿਕਾਸ ਦੀ ਮਿਸਾਲ ਬਣ ਸਕੇ।



ਮਨੋਹਰਪੁਰ ਤੋਂ ਮਸਾਣੀਆਂ ਤੱਕ ਸੰਪਰਕ ਸੜਕ ਦੇ ਨਿਵੀਨੀਕਰਨ ਦਾ ਨੀਂਹ ਪੱਥਰ ਰੱਖਦੇ ਹੋਏ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ। ਤਸਵੀਰ : ਗੁਰਪ੍ਰਤਾਪ ਸਿੰਘ ਕਾਹਲੋਂ



ਹੋਲੀ ਫੈਮਲੀ ਕਾਨਵੈਂਟ ਦੇ ਖੇਡਾਂ 'ਚ ਭਾਗ ਲੈਣ ਵਾਲੇ ਜੇਤੂ ਵਿਦਿਆਰਥੀ ਸਕੂਲ ਸਟਾਫ਼ ਨਾਲ। ਤਸਵੀਰ : ਕੰਵਲਜੀਤ ਸਿੰਘ ਚੀਮਾ

# ਪ੍ਰਾਇਮਰੀ ਬਲਾਕ ਪੱਧਰੀ ਖੇਡਾਂ ਵਿਚ ਹੋਲੀ ਫੈਮਲੀ ਕਾਨਵੈਂਟ ਸਕੂਲ ਸ੍ਰੀ ਹਰਗੋਬਿੰਦਪੁਰ ਦੀ ਚੜ੍ਹਤ

ਸ੍ਰੀ ਹਰਗੋਬਿੰਦਪੁਰ, 28 ਅਕਤੂਬਰ (ਕੰਵਲਜੀਤ ਸਿੰਘ ਚੀਮਾ)-ਸ੍ਰੀ ਹਰਗੋਬਿੰਦਪੁਰ ਵਿਖੇ ਹੋਈਆਂ ਪ੍ਰਾਇਮਰੀ ਬਲਾਕ ਪੱਧਰੀ ਖੇਡਾਂ ਵਿਚੋਂ ਹੋਲੀ ਫੈਮਲੀ ਕਾਨਵੈਂਟ ਸਕੂਲ ਧੀਰੋਵਾਲੀ (ਸ੍ਰੀ ਹਰਗੋਬਿੰਦਪੁਰ) ਦੇ ਵਿਦਿਆਰਥੀਆਂ ਨੇ ਬਹੁਤ ਵਧੀਆ ਪ੍ਰਦਰਸ਼ਨ ਕੀਤਾ। ਇਸ ਖ਼ੁਸ਼ੀ ਦੇ ਮੌਕੇ 'ਤੇ ਸਕੂਲ ਦੇ ਪ੍ਰਿੰਸੀਪਲ ਸਿਸਟਰ ਅਨੀਸ਼ਾ ਨੇ ਦੱਸਿਆ ਕਿ ਸ਼ਤਰੰਜ 'ਚ ਵਿਦਿਆਰਥੀਆਂ ਨੇ ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ। ਗੋਲਾ ਸੁੱਟਣ 'ਚ ਪਹਿਲਾ ਤੇ ਤੀਜਾ, ਰਿਲੇਅ ਰੇਸ 'ਚ ਮੁੰਡਿਆਂ ਨੇ ਦੂਜਾ ਸਥਾਨ, ਰੱਸਾਕੱਸੀ ਵਿਚ ਕੁੜੀਆਂ ਨੇ ਪਹਿਲਾ ਸਥਾਨ ਤੇ ਫੁੱਟਬਾਲ 'ਚ ਕੁੜੀਆਂ ਤੇ ਮੁੰਡਿਆਂ ਨੇ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਫੁੱਟਬਾਲ ਤੇ ਰੱਸਾਕੱਸੀ 'ਚ ਵਿਦਿਆਰਥੀਆਂ ਦੀ ਜ਼ਿਲ੍ਹਾ ਪੱਧਰੀ ਚੋਣ ਹੋਈ। ਸਕੂਲ ਦੇ ਪ੍ਰਿੰਸੀਪਲ ਸਿਸਟਰ ਅਨੀਸ਼ਾ ਤੇ ਮੈਨੇਜਰ ਸਿਸਟਰ ਸੁਦੀਪਾ ਨੇ ਵਿਦਿਆਰਥੀਆਂ, ਮਾਪਿਆਂ ਤੇ ਡੀ.ਪੀ.ਈ. ਅਧਿਆਪਕ ਮਨਪ੍ਰੀਤ ਕੌਰ ਤੇ ਅਜੈਪਾਲ ਸਿੰਘ ਨੂੰ ਵਧਾਈ ਦਿੱਤੀ ਤੇ ਬੱਚਿਆਂ ਦੀ ਹੌਂਸਲਾ ਅਫ਼ਜਾਈ ਕੀਤੀ।



ਡਿਪਟੀ ਕਮਿਸ਼ਨਰ ਨਾਲ ਮੁਲਾਕਾਤ ਕਰਦੇ ਹੋਏ ਰਾਸ਼ਟਰੀ ਪੁਰਸਕਾਰ ਪ੍ਰਾਪਤ ਰੋਮੇਸ਼ ਮਹਾਜਨ। ਤਸਵੀਰ: ਵਿਸ਼ਾਲ ਮੁੰਨਾ

# ਡਿਪਟੀ ਕਮਿਸ਼ਨਰ ਨਾਲ ਰਾਸ਼ਟਰੀ ਪੁਰਸਕਾਰ ਪ੍ਰਾਪਤ ਰੋਮੇਸ਼ ਮਹਾਜਨ ਦੀ ਸ਼ਿਸ਼ਟਾਚਾਰ ਮੁਲਾਕਾਤ

ਗੁਰਦਾਸਪੁਰ, 28 ਅਕਤੂਬਰ (ਅਸ਼ੋਕ ਸ਼ਰਮਾ)-ਡਿਪਟੀ ਕਮਿਸ਼ਨਰ ਅਦਿੱਤਿਆ ਉੱਪਲ ਨਾਲ ਅੱਜ ਜ਼ਿਲ੍ਹਾ ਬਾਲ ਭਲਾਈ ਕੌਂਸਲ (ਡੀ.ਸੀ.ਡਬਲਿਊ.ਸੀ) ਦੇ ਆਨਰੇਰੀ ਸਕੱਤਰ ਤੇ ਰਾਸ਼ਟਰੀ ਪੁਰਸਕਾਰ ਪ੍ਰਾਪਤ ਰੋਮੇਸ਼ ਮਹਾਜਨ ਵਲੋਂ ਸ਼ਿਸ਼ਟਾਚਾਰ ਮੁਲਾਕਾਤ ਕੀਤੀ ਗਈ। ਮੁਲਾਕਾਤ ਦੇ ਸ਼ੁਰੂ 'ਚ ਮਹਾਜਨ ਨੇ ਅਦਿੱਤਿਆ ਉੱਪਲ ਨੂੰ ਡਿਪਟੀ ਕਮਿਸ਼ਨਰ ਦਾ ਅਹੁਦਾ ਸੰਭਾਲਣ ਲਈ ਵਧਾਈ ਦਿੱਤੀ। ਉਨ੍ਹਾਂ ਨੇ ਡਿਪਟੀ ਕਮਿਸ਼ਨਰ ਨੂੰ ਇਕ ਸੁਵੀਨਿਅਰ ਭੇਟ ਕੀਤਾ, ਜਿਸ 'ਚ ਜ਼ਿਲ੍ਹਾ ਬਾਲ ਭਲਾਈ ਕੌਂਸਲ ਵਲੋਂ ਬੱਚਿਆਂ ਦੀ ਭਲਾਈ ਲਈ ਚਲਾਏ ਜਾ ਰਹੇ ਵੱਖ-ਵੱਖ ਪ੍ਰੋਜੈਕਟਾਂ ਤੇ ਗਤੀਵਿਧੀਆਂ ਦੀ ਜਾਣਕਾਰੀ ਦਰਸਾਈ ਗਈ ਹੈ। ਇਹ ਸੁਵੀਨਿਅਰ ਹਾਲ ਹੀ 'ਚ ਮੁੱਖ ਸਕੱਤਰ ਪੰਜਾਬ ਕੇ.ਏ.ਪੀ. ਸਿਨਹਾ ਵਲੋਂ ਰਿਲੀਜ਼ ਕੀਤਾ ਗਿਆ ਸੀ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਬਾਲ ਭਲਾਈ ਕੌਂਸਲ ਵਲੋਂ ਕੀਤੇ ਜਾ ਰਹੇ ਸਮਾਜਿਕ ਭਲਾਈ ਦੇ ਉਪਰਾਲਿਆਂ ਦੀ ਪ੍ਰਸ਼ੰਸਾ ਕੀਤੀ ਤੇ ਰੋਮੇਸ਼ ਮਹਾਜਨ ਤੇ ਉਨ੍ਹਾਂ ਦੀ ਟੀਮ ਨੂੰ ਸਰਾਹਣਯੋਗ ਯਤਨਾਂ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਉਹ ਜਲਦ ਹੀ ਕੌਂਸਲ ਵਲੋਂ ਚਲਾਏ ਜਾ ਰਹੇ ਪ੍ਰੋਜੈਕਟਾਂ ਦਾ ਨਿਰੀਖਣ ਕਰਨ ਲਈ ਦੌਰਾ ਕਰਨਗੇ। ਇਸ ਮੌਕੇ ਬਖ਼ਸ਼ੀ ਰਾਜ ਕੋਆਰਡੀਨੇਟਰ ਜ਼ਿਲ੍ਹਾ ਬਾਲ ਭਲਾਈ ਕੌਂਸਲ ਵੀ ਹਾਜ਼ਰ ਸਨ।

# ਗੁਰੂ ਨਾਨਕ ਕਾਲਜ 'ਚ ਐਚ.ਸੀ.ਐਲ. ਟੈਕ ਕੰਪਨੀ ਵਲੋਂ ਸੈਮੀਨਾਰ

ਬਟਾਲਾ, 28 ਅਕਤੂਬਰ (ਸਤਿੰਦਰ ਸਿੰਘ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸ੍ਰੀ ਅੰਮ੍ਰਿਤਸਰ ਦੇ ਸੁਚਾਰੂ ਪ੍ਰਬੰਧ ਹੇਠ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਸਰਪ੍ਰਸਤੀ ਹੇਠ, ਸਕੱਤਰ ਵਿੱਦਿਆ ਇੰਜੀਨੀਅਰ ਸੁਖਮਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਚੱਲ ਰਹੇ ਕਾਲਜ ਗੁਰੂ ਨਾਨਕ ਕਾਲਜ ਬਟਾਲਾ ਵਿਚ ਐਚ.ਸੀ.ਐਲ. ਟੈਕ ਕੰਪਨੀ ਵਲੋਂ ਸੈਮੀਨਾਰ ਲਗਾਇਆ ਗਿਆ। ਐਚ.ਸੀ.ਐਲ. ਟੈਕ ਕੰਪਨੀ ਦੇ ਮੁੱਖ ਪ੍ਰਤੀਨਿਧ ਸ੍ਰੀ ਰਾਹੁਲ ਵਲੋਂ ਵਿਦਿਆਰਥੀਆਂ ਨੂੰ ਐਚ.ਸੀ.ਐਲ. ਕੰਪਨੀ ਬਾਰੇ ਜਾਣਕਾਰੀ ਦਿੱਤੀ ਗਈ ਤੇ ਉਨ੍ਹਾਂ ਨੇ ਦੱਸਿਆ ਕਿ ਕਿਵੇਂ ਵਿਦਿਆਰਥੀ ਐਚ.ਸੀ.ਐਲ. ਟੈਕ ਕੰਪਨੀ 'ਚ ਨੌਕਰੀਆਂ ਪ੍ਰਾਪਤ ਕਰ ਸਕਦੇ ਹਨ। ਸ੍ਰੀ ਰਾਹੁਲ ਨੇ ਸਿਖਲਾਈ ਲਈ ਵਿਦਿਆਰਥੀਆਂ ਦਾ ਇਕ ਟੈਸਟ ਲਿਆ, ਜਿਸ 'ਚੋਂ ਕੁਲ 10 ਵਿਦਿਆਰਥੀਆਂ ਨੇ ਟੈਸਟ ਪਾਸ ਕੀਤਾ। ਇਹ 10 ਵਿਦਿਆਰਥੀ ਹੁਣ ਅਗਲੇਰੀ ਸਿਖਲਾਈ ਲਈ ਕੰਪਨੀ 'ਚ ਜਾਣਗੇ, ਜਿੱਥੇ ਉਨ੍ਹਾਂ ਨੂੰ ਰੁਜ਼ਗਾਰ ਦਾ ਮੌਕਾ ਦਿੱਤਾ ਜਾਵੇਗਾ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਚਰਨਜੀਤ ਸਿੰਘ ਕਿਹਾ ਕਿ ਵਿਦਿਆਰਥੀ ਸਾਡੇ ਸਮਾਜ ਦਾ ਭਵਿੱਖ ਹਨ, ਇਸ ਲਈ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਰੋਜ਼ਗਾਰ ਦੇ ਮੌਕਿਆਂ ਦੀ ਤਲਾਸ਼ ਕਰਕੇ ਨਿਰੋਏ ਸਮਾਜ ਦੀ ਸਿਰਜਣਾ ਕਰਨੀ ਚਾਹੀਦੀ ਹੈ। ਇਸ ਸਮੇਂ ਪਲੇਸਮੈਂਟ ਸੈੱਲ ਦੇ ਕੋਆਰਡੀਨੇਟਰ ਡਾ. ਮਨਦੀਪ ਕੌਰ ਨੇ ਵੀ ਬੱਚਿਆਂ ਨੂੰ ਵਧਾਈ ਦਿੱਤੀ ਤੇ ਅੱਗੇ ਵਧਣ ਲਈ ਪ੍ਰੇਰਨਾ ਵੀ ਦਿੱਤੀ। ਇਸ ਮੌਕੇ ਪ੍ਰੋ. ਅੰਮ੍ਰਿਤਪਾਲ ਸਿੰਘ, ਪ੍ਰੋ. ਅਮਨਦੀਪ ਕੌਰ, ਪ੍ਰੋ. ਰਾਜਵੀਰ ਕੌਰ, ਪ੍ਰੋ. ਸ਼ੁਭਪ੍ਰੀਤ ਕੌਰ, ਪ੍ਰੋ. ਨੇਹਾ ਆਦਿ ਹਾਜ਼ਰ ਸਨ।



ਗੁਰੂ ਨਾਨਕ ਕਾਲਜ ਵਿਖੇ ਐਚ.ਸੀ.ਐਲ. ਟੈਕ ਕੰਪਨੀ ਵਲੋਂ ਲਗਾਏ ਗਏ ਸੈਮੀਨਾਰ ਦਾ ਦ੍ਰਿਸ਼। ਅਜੀਤ ਤਸਵੀਰ

# ਮਨਸੋਤਰਾ ਬਰਾਦਰੀ ਦੀ ਮੇਲ 5 ਨੂੰ

ਗੁਰਦਾਸਪੁਰ, 28 ਅਕਤੂਬਰ (ਅਸ਼ੋਕ ਸ਼ਰਮਾ)-ਮਨਸੋਤਰਾ ਬਰਾਦਰੀ ਦੀ ਸਲਾਨਾ ਮੇਲ 5 ਨਵੰਬਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਜਾ ਰਹੀ ਹੈ। ਜਿਸ ਦੀਆਂ ਤਿਆਰੀਆਂ ਦਾ ਕੰਮ ਜ਼ੋਰਾਂ 'ਤੇ ਚੱਲ ਰਿਹਾ ਹੈ। ਇਸ ਸਬੰਧੀ ਪ੍ਰਧਾਨ ਬਿਮਲ ਸ਼ਰਮਾ, ਨੰਬਰਦਾਰ ਪ੍ਰਸ਼ੋਤਮ ਲਾਲ ਸ਼ਰਮਾ, ਸੇਵਾ ਮੁਕਤ ਡਿਪਟੀ ਕਮਾਂਡੈਂਟ ਵਰਿੰਦਰ ਕੁਮਾਰ ਮਨਸੋਤਰਾ, ਕੈਪਟਨ ਮਦਨ ਸ਼ਰਮਾ, ਮਾਸਟਰ ਨਰੇਸ਼ ਕੁਮਾਰ, ਰਮੇਸ਼ ਕੁਮਾਰ ਨੇ ਦੱਸਿਆ ਕਿ ਸਭ ਤੋਂ ਪਹਿਲਾਂ ਦਾਤੀ ਬਾਵਾ ਨੂੰ ਸਵੇਰੇ ਇਸ਼ਨਾਨ ਕਰਵਾਉਣ ਤੋਂ ਬਾਅਦ ਹਵਨ ਯੱਗ ਹੋਵੇਗਾ। ਉਪਰੰਤ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਹ ਸਲਾਨਾ ਮੇਲ ਸਾਂਬਾ ਕੋਟਲੀ ਜੰਮੂ ਕਸ਼ਮੀਰ, ਕ੍ਰਿਸ਼ਨਾ ਨਗਰ ਭੋਆ, ਕਰਾਲ ਵਿਖੇ ਮਨਾਈ ਜਾਂਦੀ ਹੈ। ਇਸ ਮੇਲ ਵਿਚ ਉੱਤਰੀ ਭਾਰਤ ਤੇ ਦੇਸ਼ ਵਿਦੇਸ਼ ਤੋਂ ਸੰਗਤਾਂ ਸਯੋਤੀ ਮਾਤਾ ਦੇ ਨਤਮਸਤਕ ਹੁੰਦੀਆਂ ਹਨ, ਜਿਨ੍ਹਾਂ ਦੇ ਨਵੇਂ ਵਿਆਹ ਤੇ ਪੁੱਤਰ ਦੀ ਦਾਤ ਬਖ਼ਸ਼ਿਸ਼ ਹੋਵੇ, ਉਹ ਲਾਲ ਝੰਡੇ ਲੈ ਕੇ ਦਰਬਾਰ ਵਿਚ ਢੋਲ ਧਮਾਕੇ ਨਾਲ ਪਹੁੰਚਦੇ ਹਨ। ਉਨ੍ਹਾਂ ਦੱਸਿਆ ਕਿ ਸਵੇਰੇ 11 ਵਜੇ ਤੋਂ ਦੁਪਹਿਰ 1 ਵਜੇ ਤੱਕ ਸਤਿਸੰਗ ਹੋਵੇਗਾ। ਉਪਰੰਤ ਗੁਰੂ ਦਾ ਲੰਗਰ ਅਤੁੱਟ ਵਰਤੇਗਾ।

# ਐਲੀਮੈਂਟਰੀ ਟੀਚਰਜ਼ ਯੂਨੀਅਨ ਦੀ ਕੈਬਨਿਟ ਸਬ ਕਮੇਟੀ ਨਾਲ ਮੀਟਿੰਗ ਅੱਜ-ਫੱਜੂਪੁਰ/ਪਰਮਾਰ

## ਮੰਗਾਂ ਦਾ ਸਥਾਈ ਹੱਲ ਨਾ ਹੋਣ 'ਤੇ ਦੁਬਾਰਾ ਤਰਨਤਾਰਨ ਰੈਲੀ ਦਾ ਐਲਾਨ

ਗੁਰਦਾਸਪੁਰ, 28 ਅਕਤੂਬਰ (ਪੰਕਜ ਸ਼ਰਮਾ)-ਬੀਤੇ ਦਿਨੀਂ ਐਲੀਮੈਂਟਰੀ ਟੀਚਰਜ਼ ਯੂਨੀਅਨ ਪੰਜਾਬ ਵਲੋਂ ਤਰਨਤਾਰਨ ਵਿਖੇ ਕੀਤੇ ਵਿਸ਼ਾਲ ਝੰਡਾ ਮਾਰਚ ਤੋਂ ਬਾਅਦ ਪੰਜਾਬ ਸਰਕਾਰ ਵਲੋਂ ਕੈਬਨਿਟ ਸਬ ਕਮੇਟੀ ਨਾਲ ਮੀਟਿੰਗ ਦਾ ਸਮਾਂ ਦਿੱਤਾ ਗਿਆ ਹੈ। ਇਸ ਸਬੰਧੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਸ਼ਵਨੀ ਫੱਜੂਪੁਰ ਤੇ ਸੂਬਾਈ ਆਗੂ ਹਰਪ੍ਰੀਤ ਪਰਮਾਰ ਨੇ ਦੱਸਿਆ ਕਿ ਯੂਨੀਅਨ ਨੇ 26 ਅਕਤੂਬਰ ਨੂੰ ਤਰਨ ਤਾਰਨ ਵਿਖੇ ਕੀਤੇ ਵਿਸ਼ਾਲ ਝੰਡੇ ਮਾਰਚ ਤੋਂ ਬਾਅਦ ਪ੍ਰਸ਼ਾਸਨ ਵਲੋਂ ਜਥੇਬੰਦੀ ਦੇ ਜ਼ਬਰਦਸਤ ਸੰਘਰਸ਼ ਨੂੰ ਦੇਖਦਿਆਂ 29 ਅਕਤੂਬਰ ਨੂੰ ਸਵੇਰੇ 10.30 ਵਜੇ ਪੰਜਾਬ ਸਿਵਲ ਸਕੱਤਰੇਤ ਚੰਡੀਗੜ੍ਹ ਵਿਖੇ ਐਲੀਮੈਂਟਰੀ ਅਧਿਆਪਕਾਂ ਦੀਆਂ ਵਿੱਤੀ ਤੇ ਵਿਭਾਗੀ ਮੰਗਾਂ ਦੇ ਸਥਾਈ ਹੱਲ ਲਈ ਕੈਬਨਿਟ ਸਬ ਕਮੇਟੀ ਨੂੰ ਮੀਟਿੰਗ ਦਾ ਸਮਾਂ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸੂਬਾ ਪ੍ਰਧਾਨ ਹਰਜਿੰਦਰਪਾਲ ਸਿੰਘ ਪੰਨੂ ਦੀ ਅਗਵਾਈ ਹੇਠ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਦੀ ਅਗਵਾਈ 'ਚ ਬਣੀ ਕੈਬਨਿਟ ਸਬ ਕਮੇਟੀ 'ਚ ਅਧਿਆਪਕਾਂ ਤੇ ਮੁਲਾਜ਼ਮਾਂ ਦੀਆਂ ਕਈ ਸਾਲਾਂ ਤੋਂ ਲਟਕਦੀਆਂ ਮੰਗਾਂ 16 ਫ਼ੀਸਦੀ ਮਹਿੰਗਾਈ ਭੱਤਾ ਜਾਰੀ ਕਰਨ, ਪੁਰਾਣੀ ਪੈਨਸ਼ਨ ਬਹਾਲੀ ਦਾ ਨੋਟੀਫ਼ਿਕੇਸ਼ਨ ਜਾਰੀ ਕਰਨ, ਪੇਂਡੂ ਬਾਰਡਰ ਤੇ ਅੰਗਹੀਣਾਂ ਦੇ ਬੰਦ ਕੀਤੇ ਭੱਤੇ ਸਮੇਤ ਹੋਰ ਮੰਗਾਂ ਦਾ ਹੱਲ ਕਰਨ ਸਬੰਧੀ ਗੱਲਬਾਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਮੰਗਾਂ ਦਾ ਸਥਾਈ ਹੱਲ ਨਾ ਹੋਇਆ ਤਾਂ ਦੁਬਾਰਾ ਤਰਨਤਾਰਨ ਵਿਖੇ ਸਰਕਾਰ ਦਾ ਵਿਰੋਧ ਕੀਤਾ ਜਾਵੇਗਾ। ਇਸ ਮੌਕੇ ਨਰੇਸ਼ ਪਨਿਆੜ, ਲਖਵਿੰਦਰ ਸੇਖੋਂ, ਪੰਕਜ ਅਰੋੜਾ, ਪ੍ਰਭਜੋਤ ਸਿੰਘ ਦੂਲਾ ਨੰਗਲ, ਰਛਪਾਲ ਉਦੋਕੇ, ਗੁਰਵਿੰਦਰ ਸੈਣੀ, ਰਜਿੰਦਰ ਕੁਮਾਰ, ਸਤਬੀਰ ਕਾਹਲੋਂ, ਗਗਨ ਬੋਪਾਰਾਏ ਆਦਿ ਹਾਜ਼ਰ ਸਨ।



ਅਸ਼ਵਨੀ ਫੱਜੂਪੁਰ ਤੇ ਹਰਪ੍ਰੀਤ ਪਰਮਾਰ

## ਵਰ੍ਹੇਗੰਢ ਮਨਾਈ



ਬਲਵਿੰਦਰ ਸਿੰਘ ਤੇ ਬਲਜੀਤ ਕੌਰ ਵਾਸੀ ਪਿੰਡ ਚੋਪੜਾ ਨੇ ਵਿਆਹ ਦੀ ਵਰ੍ਹੇਗੰਢ ਮਨਾਈ।



ਜੇਤੂ ਖਿਡਾਰੀ ਸਕੂਲ ਤੇ ਕਲੱਬ ਮੈਂਬਰਾਂ ਨਾਲ। ਤਸਵੀਰ: ਬੋਪਾਰਾਏ

# ਜੀ.ਜੀ.ਐਸ. ਬਾਕਸਿੰਗ ਕਲੱਬ ਬਖ਼ਤਪੁਰ ਦੇ ਖਿਡਾਰੀਆਂ ਨੇ ਇੰਟਰ ਕਾਲਜ ਵੁਸ਼ੂ 'ਚੋਂ ਜਿੱਤੇ ਤਗਮੇ

ਤਿੱਬੜ, 28 ਅਕਤੂਬਰ (ਭੁਪਿੰਦਰ ਸਿੰਘ ਬੋਪਾਰਾਏ)-ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖ਼ਤਪੁਰ ਵਿਖੇ ਚੱਲ ਰਹੇ ਜੀ.ਜੀ.ਐਸ ਬਾਕਸਿੰਗ ਕਲੱਬ ਦੇ ਖਿਡਾਰੀਆਂ ਨੇ ਇੰਟਰ ਕਾਲਜ ਵੁਸ਼ੂ ਮੁਕਾਬਲਿਆਂ ਵਿਚ ਸੋਨੇ ਤੇ ਕਾਂਸੇ ਦੇ ਤਗਮੇ ਜਿੱਤ ਕੇ ਆਪਣੇ ਸਕੂਲ, ਮਾਪਿਆਂ ਤੇ ਕਲੱਬ ਦਾ ਨਾਂਅ ਰੌਸ਼ਨ ਕੀਤਾ ਹੈ। ਇਸ ਸਬੰਧੀ ਪ੍ਰਿੰਸੀਪਲ ਮੇਜਰ ਸਿੰਘ ਚਾਹਲ ਨੇ ਦੱਸਿਆ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਲੋਂ 26 ਅਕਤੂਬਰ ਨੂੰ ਕਰਵਾਏ ਇੰਟਰ ਕਾਲਜ ਵੁਸ਼ੂ ਚੈਂਪੀਅਨਸ਼ਿਪ 'ਚ 48-52 ਕਿੱਲੋ ਭਾਰ ਵਰਗ 'ਚ ਕਲੱਬ ਦੀ ਖਿਡਾਰਨ ਮਨਜੀਤ ਕੌਰ ਨੇ ਗੋਲਡ ਮੈਡਲ ਤੇ 56-60 ਕਿੱਲੋ ਭਾਰ ਵਰਗ ਵਿਚ ਕਲੱਬ ਦੇ ਖਿਡਾਰੀ ਅਭੈਦੀਪ ਸਿੰਘ ਨੇ ਸਿਲਵਰ ਮੈਡਲ ਪ੍ਰਾਪਤ ਕੀਤਾ ਹੈ। ਇਨ੍ਹਾਂ ਖਿਡਾਰੀਆਂ ਦਾ ਕਲੱਬ ਵਿਖੇ ਪਹੁੰਚਣ 'ਤੇ ਸਮੂਹ ਸਟਾਫ਼, ਕੋਚ ਤੇ ਹੋਰਨਾਂ ਖਿਡਾਰੀਆਂ ਨੇ ਭਰਵਾਂ ਸਵਾਗਤ ਕੀਤਾ। ਇਸ ਮੌਕੇ ਸਕੂਲ ਦੇ ਡਾਇਰੈਕਟਰ ਮਹਿੰਦਰਪਾਲ ਸਿੰਘ ਕਲੇਰ, ਪ੍ਰਧਾਨ ਰਣਜੀਤ ਕੌਰ, ਸੁਖਜੀਤ ਕੌਰ ਨੇ ਬੱਚਿਆਂ ਤੇ ਕੋਚ ਨਵਤੇਜ ਸਿੰਘ ਨੂੰ ਵਧਾਈ ਦਿੰਦੇ ਹੋਏ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

# ਜੰਮੂ-ਕਸ਼ਮੀਰ ਸਰਕਾਰ ਨੂੰ ਈਸਾਈ ਭਾਈਚਾਰੇ ਦੀ ਸੁਰੱਖਿਆ ਤੇ ਭਲਾਈ ਨੂੰ ਯਕੀਨੀ ਬਣਾਉਣ ਲਈ ਠੋਸ ਅਤੇ ਪ੍ਰਭਾਵਸ਼ਾਲੀ ਕਦਮ ਚੁੱਕਣ ਦੀ ਲੋੜ : ਸਰਬਜੀਤ ਰਾਜ

ਧਾਰੀਵਾਲ, 28 ਅਕਤੂਬਰ (ਜੇਮਸ ਨਾਹਰ)-ਜੰਮੂ-ਕਸ਼ਮੀਰ ਦੇ ਕਠੂਆ ਜ਼ਿਲ੍ਹੇ ਵਿਚ 25 ਅਕਤੂਬਰ ਨੂੰ ਪੁਲਿਸ ਦੀ ਮੌਜੂਦਗੀ ਵਿਚ ਧਰਮ ਪਰਿਵਰਤਨ ਦੇ ਝੂਠੇ ਦੋਸ਼ਾਂ ਤੇ ਈਸਾਈ ਪ੍ਰਚਾਰਕਾਂ 'ਤੇ ਕਥਿਤ ਭੀੜ ਵਲੋਂ ਕੀਤੇ ਗਏ ਹਮਲੇ ਦੀ ਸਖ਼ਤ ਨਿੰਦਾ ਕਰਦੇ ਹੋਏ ਐੱਨ.ਆਰ.ਆਈ. ਸਰਬਜੀਤ ਰਾਜ ਨੇ ਜੰਮੂ-ਕਸ਼ਮੀਰ ਸਰਕਾਰ ਤੋਂ ਈਸਾਈ ਭਾਈਚਾਰੇ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਵਾਇਰਲ ਵੀਡੀਓ ਵਿਚ ਪੁਲਿਸ ਦੀ ਮੌਜੂਦਗੀ ਵਿਚ ਹਮਲਾ ਹੁੰਦਾ ਸਾਫ਼ ਦਿਖਾਈ ਦਿੰਦਾ ਹੈ, ਜੋ ਸਪੱਸ਼ਟ ਤੌਰ 'ਤੇ ਦਰਸਾਉਂਦਾ ਹੈ ਕਿ ਇਹ ਹਮਲਾ ਇਕ ਯੋਜਨਾਬੱਧ ਸਾਜ਼ਿਸ਼ ਦਾ ਹਿੱਸਾ ਹੈ। ਉਨ੍ਹਾਂ ਕਿਹਾ ਕਿ ਇਹ ਹਮਲਾ ਜੰਮੂ-ਕਸ਼ਮੀਰ ਵਿਚ ਘੱਟ ਗਿਣਤੀ ਈਸਾਈ ਭਾਈਚਾਰੇ ਨੂੰ ਦਰਪੇਸ਼ ਕਈ ਚੁਣੌਤੀਆਂ ਵਿਚੋਂ ਇਕ ਹੈ। ਉਨ੍ਹਾਂ ਕਿਹਾ ਕਿ ਹਾਲ ਹੀ ਦੇ ਸਾਲਾਂ 'ਚ, ਅਜਿਹੀਆਂ ਕਈ ਘਟਨਾਵਾਂ ਵਾਪਰੀਆਂ ਹਨ ਜਿਨ੍ਹਾਂ 'ਚ ਧਰਮ ਪਰਿਵਰਤਨ ਦੇ ਝੂਠੇ ਦੋਸ਼ਾਂ 'ਤੇ ਈਸਾਈਆਂ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਸਰਬਜੀਤ ਰਾਜ ਨੇ ਕਿਹਾ ਕਿ ਕਸ਼ਮੀਰ ਵਿਚ ਈਸਾਈਆਂ ਦੀ ਸੁਰੱਖਿਆ ਬਾਰੇ ਚਿੰਤਾਵਾਂ ਪਹਿਲਾਂ ਵੀ ਉਠਾਈਆਂ ਗਈਆਂ ਹਨ, ਜਿੱਥੇ ਕੁਝ ਇਸਲਾਮੀ ਕੱਟੜਪੰਥੀਆਂ ਨੇ ਵਿਦੇਸ਼ੀ ਈਸਾਈਆਂ ਤੇ ਮਿਸ਼ਨਰੀਆਂ ਨੂੰ ਧਮਕੀਆਂ ਦਿੱਤੀਆਂ ਹਨ। ਸਰਬਜੀਤ ਰਾਜ ਨੇ ਕਿਹਾ ਕਿ ਕਠੂਆ ਵਿਚ ਈਸਾਈ ਮੈਂਬਰਾਂ 'ਤੇ ਹੋਏ ਹਮਲੇ ਨੇ ਪੂਰੇ ਭਾਈਚਾਰੇ ਵਿਚ ਗੁੱਸੇ ਦੀ ਲਹਿਰ ਪੈਦਾ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਅਜਿਹੀ ਗੁੰਡਾਗਰਦੀ ਨਿੰਦਣਯੋਗ ਹੈ।



# ਗੁੱਡਵਿਲ ਸਕੂਲ 'ਚ 'ਚੌਕਸੀ ਜਾਗਰੂਕਤਾ ਸਪਤਾਹ' ਮੌਕੇ ਲਿਆ ਸੰਕਲਪ

ਬਟਾਲਾ, 28 ਅਕਤੂਬਰ (ਸਤਿੰਦਰ ਸਿੰਘ)-ਗੁੱਡਵਿਲ ਇੰਟਰਨੈਸ਼ਨਲ ਸਕੂਲ (ਸੀ.ਬੀ.ਐੱਸ.ਈ.) ਢਡਿਆਲਾ ਨੱਤ ਵਿਖੇ 'ਏਕ ਭਾਰਤ ਸ੍ਰੇਸ਼ਟ ਭਾਰਤ' ਕਲੱਬ ਵਲੋਂ ਚੌਕਸੀ ਜਾਗਰੂਕਤਾ ਸਮਾਗਮ ਕਰਵਾਇਆ ਗਿਆ। ਇਸ ਪ੍ਰੋਗਰਾਮ ਦਾ ਆਗਾਜ਼ ਸੀਨੀਅਰ ਅਧਿਆਪਕਾ ਮੈਡਮ ਹਰਪ੍ਰੀਤ ਕੌਰ ਵਲੋਂ ਇਸ ਸਬੰਧੀ ਜਾਣਕਾਰੀ ਦਿੱਤੀ ਕਿ ਚੌਕਸੀ ਜਾਗਰੂਕਤਾ ਹਫ਼ਤੇ ਨੂੰ ਮਨਾਉਣ ਦਾ ਮੁੱਖ ਉਦੇਸ਼ ਭ੍ਰਿਸ਼ਟਾਚਾਰ ਮੁਕਤ ਸਮਾਜ ਦੀ ਉਸਾਰੀ ਕਰਨਾ ਸਾਡੀ ਸਾਰਿਆਂ ਦੀ ਸਮੂਹਿਕ ਜ਼ਿੰਮੇਵਾਰੀ ਹੈ। ਇਸ ਸਾਲ ਦੇ ਥੀਮ 'ਚੌਕਸੀ-ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ' ਦੇ ਅਨੁਸਾਰ ਸਕੂਲ ਦੀ ਵਿਦਿਆਰਥਣ ਸੀਰਤ ਨੌਵੀਂ ਜਮਾਤ ਵਲੋਂ ਵਿਸ਼ੇਸ਼ ਭਾਸ਼ਣ ਪੇਸ਼ ਕੀਤਾ ਗਿਆ। ਪ੍ਰਿੰਸੀਪਲ ਅਮਨਦੀਪ ਸਿੰਘ ਵਲੋਂ ਵਿਜੀਲੈਂਸ ਜਾਗਰੂਕਤਾ ਅਭਿਆਨ ਸਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ ਸਮਾਜ ਪ੍ਰਤੀ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਅਸੀਂ ਆਪਣੀਆਂ ਸਮਾਜਿਕ ਜ਼ਿੰਮੇਵਾਰੀਆਂ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਈਏ। ਇਸ ਉਪਰੰਤ 8ਵੀਂ ਕਲਾਸ ਦੀ ਵਿਦਿਆਰਥਣ ਸਰਬਸੁਖਦੀਪ ਕੌਰ ਵਲੋਂ ਚੌਕਸੀ ਜਾਗਰੂਕਤਾ ਸੰਬੰਧੀ ਪ੍ਰਣ ਵੀ ਦਿਵਾਇਆ ਗਿਆ। ਡਾਇਰੈਕਟਰ ਪ੍ਰਿੰਸੀਪਲ ਮੈਡਮ ਜਸਬਿੰਦਰ ਕੌਰ ਨੇ ਜਾਗਰੂਕਤਾ ਪ੍ਰੋਗਰਾਮ ਦੇ ਪ੍ਰਬੰਧਕ ਅਧਿਆਪਕਾਂ ਤੇ ਇਸ ਪ੍ਰੋਗਰਾਮ ਵਿਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਸ਼ਾਲਾਘਾ ਕੀਤੀ। ਇਸ ਮੌਕੇ ਸਮੂਹ ਵਿਦਿਆਰਥੀਆਂ ਤੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।




ਚੌਕਸੀ ਜਾਗਰੂਕਤਾ ਸਪਤਾਹ ਸੰਬੰਧੀ ਸੰਕਲਪ ਲੈਂਦੇ ਹੋਏ ਵਿਦਿਆਰਥੀ ਤੇ ਸਟਾਫ਼ ਮੈਂਬਰ। ਅਜੀਤ ਤਸੀਵਰ

## ਜਨਮ ਦਿਨ ਮੁਬਾਰਕ



ਮਨਸੀਰਤ ਕੌਰ ਗੁਰਾਇਆ
ਪਿਤਾ-ਕਵਲਦੀਪ ਸਿੰਘ ਗੁਰਾਇਆ
ਮਾਤਾ-ਲਖਬੀਰ ਕੌਰ



ਜਸਦੀਪ ਸਿੰਘ
ਪਿਤਾ- ਬਲਜਿੰਦਰ ਸਿੰਘ
ਮਾਤਾ- ਹਰਮਨਬੀਰ ਕੌਰ
ਵਾਸੀ- ਸ਼ਕਰੀ

# ਗੋਪਾਲ ਧਾਮ ਗਊਸ਼ਾਲਾ ਵਿਖੇ ਕੀਤੀ ਕਾਰ ਸੇਵਾ

ਪਠਾਨਕੋਟ, 28 ਅਕਤੂਬਰ (ਸੰਧੂ)-30 ਅਕਤੂਬਰ ਨੂੰ ਸਰਕੁਲਰ ਰੋਡ 'ਤੇ ਸਥਿਤ ਗੋਪਾਲ ਧਾਮ ਗਊਸ਼ਾਲਾ ਵਿਖੇ ਧੂਮਧਾਮ ਨਾਲ ਮਨਾਏ ਜਾ ਰਹੇ ਗੋਪਾਲ ਅਸ਼ਟਮੀ ਤਿਉਹਾਰ ਨੂੰ ਮਨਾਉਣ ਲਈ ਪ੍ਰਧਾਨ ਵਿਜੇ ਪਾਸੀ ਦੀ ਪ੍ਰਧਾਨਗੀ ਹੇਠ ਗਊਸ਼ਾਲਾ ਪਰਿਸਰ ਵਿਚ ਇਕ ਕਾਰ ਸੇਵਾ ਦਾ ਆਯੋਜਨ ਕੀਤਾ ਗਿਆ। ਜਿਸ 'ਚ ਹਿੰਦੂ ਸਹਿਕਾਰੀ ਬੈਂਕ ਦੇ ਚੇਅਰਮੈਨ ਸਤੀਸ਼ ਮਹਿੰਦਰੂ ਮੁੱਖ ਮਹਿਮਾਨ ਵਜੋਂ ਮੌਜੂਦ ਸਨ। ਉਨ੍ਹਾਂ ਗਊਸ਼ਾਲਾ ਕਮੇਟੀ ਮੈਂਬਰਾਂ ਨਾਲ ਮਿਲ ਕੇ ਗਊਸ਼ਾਲਾ ਪਰਿਸਰ ਦੀ ਸਫ਼ਾਈ ਕੀਤੀ ਤੇ ਗਾਵਾਂ ਦੀ ਸੇਵਾ ਕੀਤੀ। ਪ੍ਰਧਾਨ ਵਿਜੇ ਪਾਸੀ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਗਊਸ਼ਾਲਾ ਪਰਿਸਰ ਵਿਚ ਗੋਪਾਲ ਅਸ਼ਟਮੀ ਧੂਮਧਾਮ ਨਾਲ ਮਨਾਈ ਜਾਵੇਗੀ। ਵੱਡੀ ਗਿਣਤੀ 'ਚ ਸ਼ਹਿਰ ਵਾਸੀ ਤੇ ਪਤਵੰਤੇ ਇਸ ਵਿਚ ਹਿੱਸਾ ਲੈਣਗੇ। ਇਸ ਮੌਕੇ ਪ੍ਰੇਮ ਗਰਗ, ਰਾਜ ਚੰਚਲ, ਡਾਕਟਰ ਐਮ.ਐਲ. ਅੱਤਰੀ ਅਤੇ ਹੋਰ ਮੌਜੂਦ ਸਨ।



ਸ੍ਰੀ ਦਸ਼ਮੇਸ਼ ਸਕੂਲ ਦੇ ਐੱਨ.ਸੀ.ਸੀ. ਦੇ ਵਿਦਿਆਰਥੀਆਂ ਦਾ ਸਨਮਾਨ ਕਰਦੇ ਹੋਏ ਸਕੂਲ ਸਟਾਫ਼ ਮੈਂਬਰ। ਅਜੀਤ ਤਸਵੀਰ

# ਸ੍ਰੀ ਦਸ਼ਮੇਸ਼ ਸਕੂਲ ਦੇ ਵਿਦਿਆਰਥੀਆਂ ਨੇ ਪਟਿਆਲਾ ਵਿਖੇ ਐੱਨ.ਸੀ.ਸੀ. ਕੈਂਪ 'ਚ ਲਿਆ ਭਾਗ

ਬਟਾਲਾ, 28 ਅਕਤੂਬਰ (ਸਤਿੰਦਰ ਸਿੰਘ)-ਸ੍ਰੀ ਦਸ਼ਮੇਸ਼ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਦੇ ਐੱਨ.ਸੀ.ਸੀ. ਵਿੰਗ ਦੇ ਵਿਦਿਆਰਥੀਆਂ ਨੇ ਪਟਿਆਲਾ ਵਿਖੇ ਲਗਾਏ ਗਏ ਐੱਨ.ਸੀ.ਸੀ. ਪੈਰਾਸਾਈਲਿੰਗ ਅਡਵੈਂਚਰ ਕੈਂਪ 'ਚ ਭਾਗ ਲਿਆ ਤੇ ਵਧੀਆ ਪ੍ਰਦਰਸ਼ਨ ਕਰਦੇ ਹੋਏ ਕੈਂਪ ਦੇ ਪ੍ਰਬੰਧਕਾਂ ਕੋਲੋਂ ਬੈਸਟ ਕੈਡਿਟ ਦੇ ਸਰਟੀਫਿਕੇਟ ਪ੍ਰਾਪਤ ਕੀਤੇ। ਕੈਂਪ ਉਪਰੰਤ ਸਕੂਲ ਪਹੁੰਚਣ 'ਤੇ ਸਕੂਲ ਕਮੇਟੀ ਦੇ ਪ੍ਰਧਾਨ ਰੋਬਨਪ੍ਰੀਤ ਸਿੰਘ ਸੰਧੂ, ਡਾਇਰੈਕਟਰ ਮੈਡਮ ਪਰਮਜੀਤ ਕੌਰ ਸੰਧੂ, ਪ੍ਰਿੰਸੀਪਲ ਸੁਰਿੰਦਰ ਸਿੰਘ ਭੰਗੂ, ਸਕੂਲ ਐੱਨ.ਸੀ.ਸੀ. ਵਿੰਗ ਦੇ ਇੰਚਾਰਜ ਜਸਬੀਰ ਸਿੰਘ ਗਿੱਲ ਤੇ ਜਾਫਰ ਨਦੀਮ ਦੀ ਅਗਵਾਈ ਹੇਠ ਇਨ੍ਹਾਂ ਵਿਦਿਆਰਥੀਆਂ ਦਾ ਸ਼ਾਨਦਾਰ ਸਵਾਗਤ ਕੀਤਾ। ਇਸ ਮੌਕੇ ਕੋਆਰਡੀਨੇਟਰ ਮੈਡਮ ਕੰਵਲਜੀਤ ਕੌਰ, ਨਵਦੀਪ ਕੌਰ, ਮਨਜੀਤ ਕੌਰ, ਪਰਮਵੀਰ ਕੌਰ, ਮੁਖਤਾਰ ਸਿੰਘ, ਜਗਤਾਰ ਸਿੰਘ ਆਦਿ ਸਟਾਫ਼ ਹਾਜ਼ਰ ਸੀ।



ਤਰਨਤਾਰਨ ਵਿਖੇ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਬੀਬੀ ਸੁਖਵਿੰਦਰ ਕੌਰ ਦੇ ਹੱਕ ਵਿਚ ਪਿੰਡ ਵਾਸੀਆਂ ਨਾਲ ਮੀਟਿੰਗ ਕਰਦੇ ਹੋਏ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਗੁਰਬਚਨ ਸਿੰਘ ਬੱਬੇਹਾਲੀ। ਅਜੀਤ ਤਸਵੀਰ

# ਗੁਰਬਚਨ ਸਿੰਘ ਬੱਬੇਹਾਲੀ ਵਲੋਂ ਤਰਨ ਤਾਰਨ ਵਿਖੇ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਦੇ ਹੱਕ 'ਚ ਚੋਣ ਪ੍ਰਚਾਰ

ਗੁਰਦਾਸਪੁਰ, 27 ਅਕਤੂਬਰ (ਚੱਕਰਾਜਾ)-ਤਰਨਤਾਰਨ ਵਿਖੇ ਹੋ ਰਹੀ ਜ਼ਿਮਨੀ ਚੋਣ 'ਚ ਸ਼੍ਰੋਮਣੀ ਅਕਾਲੀ ਦਲ (ਬ) ਦੀ ਉਮੀਦਵਾਰ ਬੀਬੀ ਸੁਖਵਿੰਦਰ ਕੌਰ ਰੰਧਾਵਾ ਦੇ ਹੱਕ ਵਿਚ ਚੋਣ ਪ੍ਰਚਾਰ ਤੇਜ਼ ਕਰਦਿਆਂ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਗੁਰਬਚਨ ਸਿੰਘ ਬੱਬੇਹਾਲੀ ਵਲੋਂ ਹਲਕੇ ਦੇ ਪਿੰਡ ਹਰਬੰਸਪੁਰਾ ਕਸੇਲ ਵਿਖੇ ਪਿੰਡ ਵਾਸੀਆਂ ਨਾਲ ਮੀਟਿੰਗ ਕੀਤੀ ਗਈ ਅਤੇ ਲੋਕਾਂ ਨੂੰ ਅਕਾਲੀ ਦਲ ਦੀ ਉਮੀਦਵਾਰ ਦੇ ਹੱਕ ਵਿਚ ਵੋਟ ਪਾਉਣ ਲਈ ਲਾਮਬੰਦ ਕੀਤਾ ਗਿਆ। ਇਸ ਮੌਕੇ ਸ. ਬੱਬੇਹਾਲੀ ਨੇ ਕਿਹਾ ਕਿ ਇਸ ਸਮੇਂ ਹਲਕੇ 'ਚ ਹਵਾ ਦਾ ਰੁੱਖ ਅਕਾਲੀ ਦਲ ਦੇ ਹੱਕ ਵਿਚ ਚੱਲ ਰਿਹਾ ਹੈ, ਕਿਉਂਕਿ ਲੋਕ ਹੁਣ ਵਿਰੋਧੀਆਂ ਦੀਆਂ ਚਾਲਾਂ ਨੂੰ ਸਮਝ ਚੁੱਕੇ ਹਨ ਤੇ ਉਨ੍ਹਾਂ ਦੇ ਝਾਂਸੇ ਵਿਚ ਨਹੀਂ ਆਉਣ ਵਾਲੇ। ਇਸ ਮੌਕੇ ਬਲਜਿੰਦਰ ਸਿੰਘ ਸਰਪੰਚ ਕਸੇਲ, ਸੁਖਜਿੰਦਰ ਸਿੰਘ, ਗੁਰਭਿੰਦਰ ਸਿੰਘ ਗੱਬਰ ਹਰਬੰਸਪੁਰਾ, ਜਗਰੂਪ ਸਿੰਘ ਜੱਗਾ ਸਰਪੰਚ, ਸੁਖਵਿੰਦਰ ਸਿੰਘ, ਮਲਕੀਤ ਸਿੰਘ, ਬਲਜੀਤ ਸਿੰਘ ਫ਼ੌਜੀ, ਗੁਰਮੇਜ ਸਿੰਘ ਧਾਰੀਵਾਲ, ਤਰਸੇਮ ਸਿੰਘ, ਜੁਗਰਾਜ ਸਿੰਘ, ਸ਼ਮਸ਼ੇਰ ਸਿੰਘ, ਭਾਗ ਸਿੰਘ, ਵਜੀਰ ਸਿੰਘ, ਕਾਬਲ ਸਿੰਘ, ਜਗੀਰ ਸਿੰਘ, ਸਰੂਪ ਸਿੰਘ, ਹਰਪ੍ਰੀਤ ਸਿੰਘ, ਕੁਲਦੀਪ ਸਿੰਘ, ਗੁਲਜ਼ਾਰ ਸਿੰਘ, ਮਨਜੀਤ ਸਿੰਘ, ਹਰਦੇਵ ਸਿੰਘ, ਭੁਪਿੰਦਰ ਸਿੰਘ, ਕੁਲਬੀਰ ਸਿੰਘ ਕਾਲਾ, ਸੁਖਵਿੰਦਰ ਸਿੰਘ ਦੋਧੀ, ਗੁਰਸੇਵਕ ਸਿੰਘ, ਸਰਬਜੀਤ ਸਿੰਘ, ਗੁਰਜੰਟ ਸਿੰਘ, ਗੁਰਵਿੰਦਰ ਸਿੰਘ ਅਤੇ ਰਣਜੀਤ ਸਿੰਘ ਆਦਿ ਹਾਜ਼ਰ ਸਨ।

# ਵਾਇਸ ਆਫ ਬਟਾਲਾ ਵਲੋਂ ਸ਼ਹਿਰ ਨੂੰ ਹਰਿਆ-ਭਰਿਆ ਬਣਾਉਣ ਦੀ ਮੁਹਿੰਮ ਜਾਰੀ-ਡਾ. ਭਾਗੋਵਾਲੀਆ, ਡਾ. ਕੇ.ਜੇ. ਸਿੰਘ

ਬਟਾਲਾ, 28 ਅਕਤੂਬਰ (ਸਤਿੰਦਰ ਸਿੰਘ)-ਵਾਇਸ ਆਫ ਬਟਾਲਾ ਵਲੋਂ ਬਟਾਲਾ ਸ਼ਹਿਰ ਨੂੰ ਸੁੰਦਰ ਤੇ ਹਰਿਆ-ਭਰਿਆ ਬਣਾਉਣ ਲਈ ਸ਼ੁਰੂ ਕੀਤੀ ਮੁਹਿੰਮ ਨਿਰਵਿਘਨ ਜਾਰੀ ਹੈ। ਜਾਣਕਾਰੀ ਦਿੰਦਿਆਂ ਸੰਸਥਾ ਦੇ ਮੁੱਖ ਸੇਵਾਦਾਰ ਡਾ. ਲਖਬੀਰ ਸਿੰਘ ਭਾਗੋਵਾਲੀਆ ਤੇ ਕਮਾਂਡੈਂਟ ਹਰਦੀਪ ਸਿੰਘ ਬਾਜਵਾ ਨੇ ਦੱਸਿਆ ਕਿ ਉਨ੍ਹਾਂ ਦੀ ਟੀਮ ਵਲੋਂ ਬਟਾਲਾ ਨੂੰ ਸੁੰਦਰ ਬਣਾਉਣ ਲਈ ਬਟਾਲਾ ਦੇ ਸਿਟੀ ਰੋਡ, ਗਾਂਧੀ ਚੌਕ ਤੋਂ ਲੈ ਕੇ ਹੰਸਲੀ ਤੱਕ ਦੁਕਾਨਦਾਰਾਂ ਨੂੰ ਬੂਟਿਆਂ ਦੀ ਸਾਂਭ ਸੰਭਾਲ ਲਈ ਅਪੀਲ ਕੀਤੀ ਸੀ, ਜਿਸ ਨੂੰ ਪ੍ਰਵਾਨ ਕਰਦਿਆਂ ਉਨ੍ਹਾਂ ਸਹਿਯੋਗ ਦੇਣ ਦਾ ਵਾਅਦਾ ਕੀਤਾ ਹੈ। ਉਨ੍ਹਾਂ ਦੱਸਿਆ ਕਿ ਲਗਾਏ ਗਏ ਬੂਟਿਆਂ ਨੂੰ ਜਿੱਥੇ ਪਾਣੀ ਦਿੱਤਾ ਜਾ ਰਿਹਾ, ਉਥੇ ਜੋ ਬੂਟੇ ਸੁੱਕ ਚੁੱਕੇ ਸਨ, ਉਨ੍ਹਾਂ ਦੀ ਥਾਂ 'ਤੇ ਫੁੱਲਾਂ ਤੇ ਖੁਸ਼ਬੂ ਵਾਲੇ ਵੀ ਬੂਟੇ ਲਗਾਏ ਗਏ। ਇਸ ਤੋਂ ਇਲਾਵਾ ਵਾਇਸ ਆਫ਼ ਬਟਾਲਾ ਦੀ ਟੀਮ ਨੇ ਸ਼ਾਸਤਰੀ ਨਗਰ ਪਾਰਕ, ਟਰਾਂਸਪੋਰਟ ਨਗਰ, ਲੱਕੜ ਮੰਡੀ ਦੀ ਪਾਰਕ 'ਚ ਸਾਫ਼ ਸਫ਼ਾਈ ਤੇ ਬੂਟਿਆਂ ਨੂੰ ਪਾਣੀ ਦੇਣ ਦੇ ਨਾਲ-ਨਾਲ ਸੁਰੱਖਿਆ ਲਈ ਜਾਂਗਲੇ ਵੀ ਲਗਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸਾਡੀ ਸੰਸਥਾ ਵਲੋਂ ਆਉਣ ਵਾਲੇ ਸਮੇਂ 'ਚ 1 ਲੱਖ ਤੋਂ ਵੱਧ ਬੂਟੇ ਲਗਾਉਣ ਦਾ ਜੋ ਟੀਚਾ ਮਿੱਥਿਆ ਗਿਆ ਹੈ, ਉਸ ਨੂੰ ਪੂਰਾ ਕਰਕੇ ਬਟਾਲਾ ਨੂੰ ਹਰਿਆ ਭਰਿਆ ਤੇ ਸੁੰਦਰ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸਾਡੀ ਸੰਸਥਾ ਵਲੋਂ ਨਿਸ਼ਕਾਮ ਸੇਵਾ ਤਹਿਤ ਹੜ੍ਹ ਪੀੜਤ ਲੋਕਾਂ ਦੀ ਵੀ ਸਹਾਇਤਾ ਕੀਤੀ ਜਾ ਰਹੀ ਹੈ ਤੇ ਡਾ. ਕਮਲਜੀਤ ਸਿੰਘ ਕੇ.ਜੇ. ਪ੍ਰਧਾਨ ਏ.ਐਮ.ਆਈ. ਬਟਾਲਾ ਦੇ ਸਹਿਯੋਗ ਨਾਲ ਹੜ੍ਹ ਪੀੜਤਾਂ ਲਈ ਗਰਮ ਕੱਪੜੇ, ਟਰੈਕ ਸੂਟ, ਕਰੈਕਰੀ ਦਾ ਸਾਮਾਨ, ਬੱਚਿਆਂ ਦੀਆਂ ਕਿਤਾਬਾਂ ਤੇ ਹੋਰ ਲੋੜੀਂਦਾ ਸਾਮਾਨ ਵੀ ਮੁਹੱਈਆ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਸੇਵਾ ਮੁਕਤ ਮਾਸਟਰ ਜੋਗਿੰਦਰ ਸਿੰਘ ਅੱਚਲੀ ਗੇਟ, ਕਮਾਂਡੈਂਟ ਹਰਦੀਪ ਸਿੰਘ ਬਾਜਵਾ, ਸੇਵਾਮੁਕਤ ਮਾਸਟਰ ਪ੍ਰੇਮ ਸਿੰਘ, ਬਲਦੇਵ ਸਿੰਘ ਬਸਰਾ, ਵਿਜੇ ਜੀ ਘਿਓ ਵਾਲੇ ਆਦਿ ਹਾਜ਼ਰ ਸਨ।



ਡਾਕਟਰ ਲਖਬੀਰ ਸਿੰਘ ਭਾਗੋਵਾਲੀਆ, ਡਾ. ਕਮਲਜੀਤ ਸਿੰਘ ਕੇ.ਜੇ.

ਸੰਪਾਦਕ-ਰਾਜਿੰਦਰ ਸਿੰਘ। ਪ੍ਰਕਾਸ਼ ਕੌਰ ਹਮਦਰਦ, ਪ੍ਰਿੰਟਰ, ਪਬਲਿਸ਼ਰ ਤੇ ਸੈਕਟਰੀ ਟਰੱਸਟ ਨੇ ਸਾਧੂ ਸਿੰਘ ਹਮਦਰਦ ਟਰੱਸਟ ਲਈ ਡੇਲੀ ਅਜੀਤ ਪ੍ਰਿੰਟਰਜ਼, ਲਿੱਧੜਾਂ, ਜਲੰਧਰ ਤੋਂ ਛਪਵਾ ਕੇ ਨਹਿਰੂ ਗਾਰਡਨ ਰੋਡ ਜਲੰਧਰ ਤੋਂ ਪ੍ਰਕਾਸ਼ਤ ਕੀਤਾ।
ਆਰ. ਐਨ. ਆਈ. ਰਜਿਸਟ੍ਰੇਸ਼ਨ ਨੰ: 7107/59

Editor- Rajinder Singh. Printer, Publisher and Secretary Parkash Kaur Hamdard. Printed for Sadhu Singh Hamdard Trust at Daily Ajit Printers, Lidhran, Jalandhar and Published from Nehru Garden Road, Jalandhar
RNI Regd. No:- 7107/59